ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ
ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ ਪੰਜਾਬ ਐਸ.ਸੀ ਓ
ਨੰ:- 104-106, ਦੂਸਰੀ ਮੰਜ਼ਿਲ, ਸੈਕਟਰ 34-ਏ, ਚੰਡੀਗੜ ਫ਼ੋਨ ਨੰ:0172- 2623207, 2620106
ਫੈਕਸ:0172-2624687 ਈ-ਮੇਲssapunjab@yahoo.com

ਵੱਲ

1. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ ਅਤੇ ਐ.ਸਿ)
2. ਸਮੂਹ ਸਕੂਲ ਮੁਖੀ (ਵੈੱਬਸਾਇਟ ਰਾਹੀਂ)
3. ਸਮੂਹ ਨਿਰੀਖਣ ਟੀਮ (ਮੰਡਲ ਅਤੇ ਜ਼ਿਲ੍ਹਾ)
   ਪੰਜਾਬ

ਮੀਮੋ ਨੰ. ਏ.ਐਸ.ਪੀ.ਡੀ(ਕੋਆ)/ਐਸ.ਐਸ.ਏ/2011/79647
ਮਿਤੀ ਚੰਡੀਗੜ੍ਹ 31-12-2010

**ਵਿਸ਼ਾ:- ਮਿਤੀ 01.1.2011 ਨੂੰ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਨਿਰੀਖਣ ਸਬੰਧੀ।**

1.0 ਉਪਰੋਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਸਰਦੀਆਂ ਦੀਆਂ ਛੁੱਟੀਆਂ ਖ਼ਤਮ ਹੋਣ ਤੋਂ ਬਾਅਦ ਸਾਰੇ ਪ੍ਰਾਇਮਰੀ/ਮਿਡਲ/ਹਾਈ/ਸੀਨੀਅਰ ਸੈਕੰਡਰੀ ਸਕੂਲ ਮਿਤੀ 01.01.2011 ਨੂੰ ਖੁੱਲ੍ਹ ਰਹੇ ਹਨ। ਸਮੂਹ ਸਕੂਲ ਮੁਖੀਆਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਸਾਰੇ ਸਕੂਲਾਂ ਵਿੱਚ ਬੱਚਿਆਂ ਦੀ ਹਾਜ਼ਰੀ ਅਤੇ ਅਧਿਆਪਕਾਂ ਦੀ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਦਿਨ ਸਕੂਲਾਂ ਦੀ ਨਿਰੀਖਣ ਟੀਮਾਂ ਦੇ ਰਾਹੀਂ ਸਪੈਸ਼ਲ ਚੈਕਿੰਗ ਹੋਵੇਗੀ।

3.0 ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ) ਅਤੇ (ਐ.ਸਿ) ਨੂੰ ਵੀ ਇਹ ਲਿਖਿਆ ਜਾਂਦਾ ਹੈ ਕਿ ਉਹ ਸਕੂਲਾਂ ਦਾ ਨਿਰੀਖਣ ਕਰਨ ਅਤੇ ਬੱਚਿਆਂ ਦੀ ਹਾਜ਼ਰੀ ਅਤੇ ਅਧਿਆਪਕਾਂ ਦੀ ਹਾਜ਼ਰੀ ਸਬੰਧੀ ਵੀ ਆਪਣੀ ਰਿਪੋਰਟ ਮੁੱਖ ਦਫ਼ਤਰ ਨੂੰ ਕਰਨਗੇ।

4.0 ਸਮੂਹ ਮੰਡਲ ਨਿਰੀਖਣ ਟੀਮਾਂ ਅਤੇ ਜ਼ਿਲ੍ਹਾ ਨਿਰੀਖਣ ਟੀਮਾਂ ਨੂੰ ਵੀ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਸਾਰੇ ਜ਼ਿਲ੍ਹਿਆਂ ਅੰਦਰ ਸਕੂਲਾਂ ਦਾ ਅਚਨਚੇਤ ਨਿਰੀਖਣ ਕੀਤਾ ਜਾਵੇ ਅਤੇ ਇਸ ਸਬੰਧੀ ਰਿਪੋਰਟ ਮੁੱਖ ਦਫ਼ਤਰ ਨੂੰ ਕੀਤੀ ਜਾਵੇ ਜੀ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ

ਪਿਠਅੰਕਣ ਨੰ.: ਉਕਤ/ ਮਿਤੀ

ਉਤਾਰਾ:(1) ਸਮੂਹ ਮੰਡਲ ਸਿੱਖਿਆ ਅਫ਼ਸਰ, ਨਾਭਾ, ਜਲੰਧਰ ਅਤੇ ਫਰੀਦਕੋਟ।
(2) ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ, ਪੰਜਾਬ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**